# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-01-2025**

ਪੰਜਾਬ ਵਿੱਚ ਲੋਹੜੀ ਦਾ ਤਿਓਹਾਰ ਖੁਸ਼ੀ ਤੇ ਭਾਈਚਾਰਕ ਸਾਂਝ ਨਾਲ ਮਨਾਇਆ ਜਾ ਰਿਹਾ ਏ । ਦੇਸ਼ ਦੇ ਹੋਰ ਹਿੱਸਿਆਂ ਵਾਂਗ, ਇਹ ਤਿਉਹਾਰ ਮਨੁੱਖਤਾ ਦੀ ਖੁਸ਼ਹਾਲੀ ਲਈ ਪ੍ਰਾਰਥਨਾ ਕਰਨ ਅਤੇ ਅੱਗ ਬਾਲਣ ਦੀਆਂ ਰਸਮਾਂ ਨਾਲ ਮਨਾਇਆ ਜਾਂਦਾ ਏ । ਇਹ ਤਿਉਹਾਰ ਪੋਹ  ਦੇ ਠੰਢੇ ਮਹੀਨੇ ਦੀ ਸਮਾਪਤੀ ਨੂੰ ਦਰਸਾਉਂਦਾ ਏ । ਲੋਹੜੀ ਇਕ ਜੀਵੰਤ ਸਮਾਗਮ ਏ , ਜਿਸ ਵਿਚ ਲੋਹੜੀ ਦੀ ਅੱਗ, ਪ੍ਰਾਰਥਨਾ, ਨੱਚਣਾ, ਦਾਅਵਤ ਕਰਨਾ ਤੇ ਦੁੱਲਾ ਭੱਟੀ ਦੇ ਪ੍ਰਸਿੱਧ ਗੀਤ ਗਾਉਣਾ ਸ਼ਾਮਲ ਏ । ਸ਼ਾਮ ਨੂੰ ਅੱਗ ਬਾਲੀ ਜਾਵੇਗੀ ਅਤੇ ਲੋਕ ਗੁਆਂਢੀਆਂ ਨਾਲ ਮੂੰਗਫਲੀ, ਰਿਵਾੜੀਆਂ ਆਦਿ ਖਾਂਦੇ ਹੋਏ ਇਕੱਠੇ ਤਿਉਹਾਰ ਦਾ ਆਨੰਦ ਮਾਣਨਗੇ। ਪੰਜਾਬ ਵਿੱਚ ਖਾਸ ਤੋਰ ਤੇ ਬੱਚੀਆਂ ਲਈ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕਰਕੇ ਲੋਹਰੀ ਮਨਾਈ ਜਾਂਦੀ ਏ। ਇਹ ਸੂਬੇ ਵਿੱਚ ਲਿੰਗ ਅਨੁਪਾਤ ਨੂੰ ਬਿਹਤਰ ਬਣਾਉਣ ਤੇ

ਬੱਚੀਆਂ ਨੂੰ ਆਪਣੀ ਜ਼ਿੰਦਗੀ ਮਾਣ ਅਤੇ ਮਾਣ ਨਾਲ ਜੀਉਣ ਵਿਚ ਸਹਾਇਤਾ ਕਰਨ ਲਈ ਇਕ ਪ੍ਰਤੀਕਾਤਮਕ ਸਮਾਗਮ ਏ।

-----------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਦੇਸ਼ ਤੇ ਵਿਦੇਸ਼ ਵਿੱਚ ਰਹਿੰਦੇ ਭਾਰਤੀਆਂ ਨੂੰ ਲੋਹੜੀ, ਮਕਰ ਸੰਕ੍ਰਾਂਤੀ, ਪੋਂਗਲ ਤੇ ਮਾਘ ਬਿਹੂ ਦੇ ਸ਼ੁਭ ਮੌਕੇ 'ਤੇ ਵਧਾਈਆਂ ਦਿੱਤੀਆਂ। ਇਕ ਸੋਸ਼ਲ ਮੀਡੀਆ ਪੋਸਟ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਾਸਤ ਦਾ ਪ੍ਰਤੀਕ ਨੇ ਤੇ ਵਿਭਿੰਨਤਾ ਵਿਚ ਏਕਤਾ ਨੂੰ ਦਰਸਾਉਂਦੇ ਨੇ । ਰਾਸ਼ਟਰਪਤੀ ਮੁਰਮੂ ਨੇ ਕਾਮਨਾ ਕੀਤੀ ਕਿ ਇਹ ਪਵਿੱਤਰ ਤਿਉਹਾਰ ਹਰ ਵਿਅਕਤੀ ਦੇ ਜੀਵਨ ਵਿਚ ਖੁਸ਼ੀ ਤੇ ਖੁਸ਼ਹਾਲੀ ਲਿਆਵੇ ।ਓਧਰ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਲੋਹੜੀ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਸ਼ਾਹ ਨੇ ਕਾਮਨਾ ਕੀਤੀ ਕਿ ਇਹ ਤਿਉਹਾਰ ਸਾਰਿਆਂ ਦੇ ਜੀਵਨ ਵਿਚ ਖੁਸ਼ੀ ਤੇ ਖੁਸ਼ਹਾਲੀ ਲਿਆਵੇ। ਇਸ ਤੋਂ ਇਲਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਪੰਜਾਬ ਵਾਸੀਆਂ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ ਨੇ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪ੍ਰਯਾਗਰਾਜ ਵਿਖੇ ਮਹਾਂਕੁੰਭ 2025 ਦੇ ਆਗਾਜ਼ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਪ੍ਰਧਾਨ ਮੰਤਰੀ ਨੇ ਇਸ ਨੂੰ ਕਰੋੜਾਂ ਲੋਕਾਂ ਲਈ ਇਕ ਖਾਸ ਦਿਨ ਕਿਹਾ। ਉਨ੍ਹਾਂ ਟਿੱਪਣੀ ਕੀਤੀ ਕਿ ਮਹਾਂਕੁੰਭ ਦੇਸ਼ ਦੀ ਸਦੀਵੀ ਅਧਿਆਤਮਿਕ ਵਿਰਾਸਤ ਨੂੰ ਦਰਸਾਉਂਦਾ ਏ ਤੇ ਇਹ ਵਿਸ਼ਵਾਸ ਤੇ ਸਦਭਾਵਨਾ ਦਾ ਜਸ਼ਨ ਏ। ਸ਼੍ਰੀ ਮੋਦੀ ਨੇ ਪ੍ਰਯਾਗਰਾਜ ਨੂੰ ਅਣਗਿਣਤ ਲੋਕਾਂ ਦੇ ਉੱਥੇ ਆਉਣ, ਪਵਿੱਤਰ ਡੁਬਕੀ ਲਗਾਉਣ ਤੇ ਅਸ਼ੀਰਵਾਦ ਲੈਣ ਨਾਲ ਭਰੇ ਹੋਏ ਦੇਖ ਕੇ ਖੁਸ਼ੀ ਪ੍ਰਗਟ ਕੀਤੀ। ਸਾਰੇ ਸ਼ਰਧਾਲੂਆਂ ਤੇ ਸੈਲਾਨੀਆਂ ਨੂੰ ਸ਼ਾਨਦਾਰ ਠਹਿਰਨ ਦੀ ਕਾਮਨਾ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਭਾਰਤੀ ਅਧਿਆਤਮਿਕ ਪਰੰਪਰਾ ਦਾ ਇਹ ਵਿਸ਼ਾਲ ਤਿਉਹਾਰ ਸ਼ਰਧਾਲੂਆਂ ਤੇ ਸੈਲਾਨੀਆਂ ਦੇ ਜੀਵਨ ਵਿਚ ਨਵੀਂ ਊਰਜਾ ਤੇ ਉਤਸ਼ਾਹ ਲਿਆਏਗਾ।

-----------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕੇਂਦਰੀ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਵਿੱਚ ਪ੍ਰਸਿੱਧ ਸੋਨਮਾਰਗ ਸੁਰੰਗ ਰਾਸ਼ਟਰ ਨੂੰ ਸਮਰਪਿਤ ਕੀਤੀ।

ਪ੍ਰਧਾਨ ਮੰਤਰੀ ਨੇ ਸੁਰੰਗ ਦੇ ਅੰਦਰ ਜਾ ਕੇ ਸੁਰੰਗ ਦਾ ਨਿਰੀਖਣ ਵੀ ਕੀਤਾ। ਉਨ੍ਹਾਂ ਨੂੰ ਸੁਰੰਗ ਪ੍ਰੋਜੈਕਟ ਬਾਰੇ ਜਾਣਕਾਰੀ ਦਿੱਤੀ ਗਈ। ਸੋਨਮਰਗ ਸੁਰੰਗ ਗੰਦਰਬਲ ਜ਼ਿਲ੍ਹੇ ਦੇ ਗਗਨਗੀਰ ਤੇ ਸੋਨਮਰਗ ਵਿਚਕਾਰ ਯਾਤਰਾ ਦੇ ਸਮੇਂ ਨੂੰ ਕਾਫ਼ੀ ਹੱਦ ਤੱਕ ਘਟਾ ਕੇ ਸਿਰਫ਼ 20-25 ਮਿੰਟ ਕਰ ਦੇਵੇਗੀ।

-----------------------------------------------------------

ਜ਼ਿਲਾ ਬਠਿੰਡਾ ਵਿਖੇ ਗੁਰਬਚਨ ਸਿੰਘ ਸੇਵਾ ਸੰਮਤੀ ਸੁਸਾਇਟੀ ਬੱਲ੍ਹੋ ਵੱਲੋਂ ਗ੍ਰਾਮ ਪੰਚਾਇਤ ਬੱਲ੍ਹੋ ਨਾਲ ਮਿਲਕੇ ਨਵ-ਜੰਮੀਆਂ ਧੀਆਂ ਦੀ ਲੋਹੜੀ ਮਨਾਈ । ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਡੀ.ਐਸ.ਪੀ. ਪਰਦੀਪ ਸਿੰਘ ਨੇ ਨਵ-ਜੰਮੀਆਂ ਧੀਆਂ ਨੂੰ ਚਾਂਦੀ ਦੇ ਕੰਗਣ ਪਾਉਣ ਤੇ ਗਰਮ ਕੱਪੜਿਆ ਦੇ ਸੈਟ ਵੰਡਣ ਦੀ ਰਸਮ ਅਦਾ ਕੀਤੀ । ਡੀ.ਐਸ.ਪੀ ਪਰਦੀਪ ਸਿੰਘ ਨੇ ਕਿਹਾ ਕਿ ਨਵ-ਜੰਮੀਆਂ ਧੀਆਂ ਦੇ ਮਾਪਿਆ ਨੂੰ ਵਧਾਈ ਦਿੰਦਾ ਹਾਂ ਤੇ ਇਹ ਧੀਆਂ ਵੱਡੀਆਂ ਹੋ ਕੇ ਵਧੀਆਂ ਸਿੱਖਿਆ ਪ੍ਰਾਪਤ ਕਰਨ ਤੇ ਪਿੰਡ ਦਾ ਨਾਮ ਰੋਸ਼ਨ ਕਰਨ । ਉਹਨਾਂ ਕਿਹਾ ਕਿ ਹੁਣ ਧੀਆਂ ਕਿਸੇ ਗੱਲੋ ਘੱਟ ਨਹੀ ਹਰੇਕ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਨੇ । ਸਮਾਗਮ ਦੋਰਾਨ 23 ਨਵ-ਜੰਮੀਆਂ ਬੱਚੀਆਂ ਨੂੰ ਚਾਂਦੀ ਦੇ ਕੰਗਣ ਤੇ ਗਰਮ ਕੱਪੜੇ ਵੰਡੇ ਗਏ ਅਤੇ ਬੱਚਿਆਂ ਦਾ ਸਮੇ ਸਿਰ ਟੀਕਾਕਰਨ

ਕਰਵਾਉਣ ਵਾਲੇ ਮਾਪਿਆਂ ਦਾ ਹਸਪਤਾਲ ਦੇ ਸਟਾਫ ਵਲੋ ਵਿਸੇਸ ਸਨਮਾਨ ਕੀਤਾ ਗਿਆ।

-----------------------------------------------------------

ਮੌਸਮ ਵਿਭਾਗ ਨੇ ਪੰਜਾਬ ਤੇ ਚੰਡੀਗੜ੍ਹ 'ਚ ਧੁੰਦ ਨੂੰ ਲੈ ਕੇ ਅੱਜ ਆਰੇਂਜ ਅਲਰਟ ਜਾਰੀ ਕੀਤਾ ਏ, ਜਿਸ ਕਾਰਨ ਪੰਜਾਬ ਵਿਚ ਦਿਖਤਾ 50 ਮੀਟਰ ਤੋਂ ਘੱਟ ਰਹਿਣ ਦੀ ਉਮੀਦ ਏ। ਠੰਡ ਵਧਣ ਦਾ ਵੀ ਖਦਸ਼ਾ ਜਤਾਇਆ ਗਿਆ ਏ ।ਮੌਸਮ ਵਿਭਾਗ ਮੁਤਾਬਕ ਪਿਛਲੇ 24 ਘੰਟਿਆਂ ਦੌਰਾਨ, ਪੰਜਾਬ ਦੇ ਆਲੇ-ਦੁਆਲੇ ਸਰਗਰਮ ਦੋ ਪੱਛਮੀ ਗੜਬੜੀਆਂ ਕਾਰਨ ਕਈ ਇਲਾਕਿਆਂ 'ਚ ਮੀਂਹ ਪਿਆ। ਪੰਜਾਬ ਵਿੱਚ ਅੱਜ ਤੇ ਕਲ ਜਨਵਰੀ ਨੂੰ ਮੌਸਮ ਖੁਸ਼ਕ ਰਹਿਣ ਦੀ ਸੰਭਾਵਨਾ ਏ।

-----------------------------------------------------------

ਪੰਜਾਬ ਦੇ ਵਿੱਤ ਤੇ ਆਬਕਾਰੀ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਏ ਕਿ ਵਿਸ਼ੇਸ਼ ਅਪ੍ਰੇਸ਼ਨ ਗਰੁੱਪ ਨੇ ਹੰਡੇਸਰਾ ਨੇੜੇ ਇਕ ਟਰੱਕ ਨੂੰ ਰੋਕ ਕੇ 220 ਸ਼ਰਾਬ ਦੀਆਂ ਪੇਟੀਆਂ ਜ਼ਬਤ ਕੀਤੀਆਂ ਨੇ। ਉਨ੍ਹਾਂ ਕਿਹਾ ਕਿ ਇਹ ਅਪਰੇਸ਼ਨ ਚੰਡੀਗੜ੍ਹ (ਯੂ.ਟੀ.) ਤੋਂ ਪੰਜਾਬ ਵਿਚ ਸ਼ਰਾਬ ਦੀ ਤਸਕਰੀ ਦੇ ਅਪਰਾਧ ਨਾਲ ਨਜਿੱਠਣ ਲਈ ਪਿਛਲੇ ਕੁਝ ਦਿਨਾਂ ਤੋਂ

ਸੂਬੇ ਭਰ ਵਿਚ ਚਲਾਈ ਗਈ ਵਿਸ਼ੇਸ਼ ਮੁਹਿੰਮ ਦਾ ਹਿੱਸਾ ਏ । ਉਨ੍ਹਾਂ ਦੱਸਿਆ ਕਿ ਇਸ ਸਬੰਧੀ ਥਾਣਾ ਹੰਡੇਸਰਾ ਵਿਖੇ f. i. r. ਦਰਜ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦੇ ਨਿਰੰਤਰ ਸਹਿਯੋਗ ਨਾਲ ਚੱਲ ਰਹੀ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ ਤੇ ਸ਼ਰਾਬ ਦੀ ਤਸਕਰੀ ਵਿਚ ਸ਼ਾਮਲ ਵਿਅਕਤੀ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਏ ਕਿ ਉਹ ਅਜਿਹੀ ਕਿਸੇ ਵੀ ਗਤੀਵਿਧੀ ਬਾਰੇ ਵਿਭਾਗ ਨੂੰ ਸੂਚਿਤ ਕਰਨ ਤਾਂ ਜੋ ਸੂਬੇ ਨੂੰ ਕੋਈ ਮਾਲੀ ਨੁਕਸਾਨ ਨਾ ਹੋਵੇ ।